## ਜਤੁ ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ ਮਤਿ ਵੇਦੁ ਹਥੀਆਰੁ॥

ਪਦਅਰਥ:- ਜਤੁ-ਆਪਣੇ ਸਰੀਰਕ ਇੰਦ੍ਰੀਆਂ ਨੂੰ ਵਿਕਾਰਾਂ ਵਲੋਂ ਰੋਕ ਰੱਖਣਾ। ਪਾਹਾਰਾ-ਸੁਨਿਆਰੇ ਦੀ ਦੁਕਾਨ। ਸੁਨਿਆਰੁ-ਸੁਨਿਆਰਾ। ਮਤਿ-ਅਕਲ। ਵੇਦ-ਗਿਆਨ। ਹਥੀਆਰੁ-ਹਥੌੜਾ।

ਅਰਥ:- (ਜੇ) ਜਤ-ਰੂਪ ਦੁਕਾਨ (ਹੋਵੇ), ਧੀਰਜ ਸੁਨਿਆਰਾ ਬਣੇ, ਮਨੁੱਖ ਦੀ ਆਪਣੀ ਮੱਤ ਅਹਿਰਣ ਹੋਵੇ, (ਉਸ ਮਤ-ਅਹਿਰਣ ਉੱਤੇ) ਗਿਆਨ ਹਥੌੜਾ (ਵੱਜੇ)।

## ਭਉ ਖਲਾ ਅਗਨਿ ਤਪ ਤਾਉ ॥ ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ ਸਚੀ ਟਕਸਾਲ ॥

ਪਦਅਰਥ:- ਭਉ-ਅਕਾਲ ਪੁਰਖ ਦਾ ਡਰ। ਖਲਾ-ਖੱਲਾਂ; ਧੌਂਕਣੀ (ਜਿਸ ਨਾਲ ਸੁਨਿਆਰੇ ਫੂਕ ਮਾਰ ਕੇ ਅੱਗ ਭਖਾਂਦੇ ਹਨ)। ਤਪਤਾਉ-ਤਪਾਂ ਨਾਲ ਤਪਣਾ, ਘਾਲ ਘਾਲਣੀ, ਕਮਾਈ ਕਰਨੀ। ਭਾਂਡਾ-ਕੁਠਾਲੀ। ਭਾਉ-ਪ੍ਰੇਮ। ਅੰਮ੍ਰਿਤੁ-ਅਕਾਲ ਪੁਰਖ ਦਾ ਅਮਰ ਕਰਨ ਵਾਲਾ ਨਾਮ। ਤਿਤੁ-ਉਸ ਭਾਂਡੇ ਵਿਚ। ਘੜੀਐ-ਘੜੀਦਾ ਹੈ, ਘੜਿਆ ਜਾਂਦਾ ਹੈ। ਘੜੀਐ ਸਬਦੁ-ਸ਼ਬਦ ਘੜਿਆ ਜਾਂਦਾ ਹੈ। ਸੱਚੀ ਟਕਸਾਲ-ਇਸ ਉੱਪਰ-ਦੱਸੀ ਹੋਈ ਸੱਚੀ ਟਕਸਾਲ ਵਿਚ।

ਨੋਟ:- ਜਤ, ਧੀਰਜ, ਮਤ, ਗਿਆਨ, ਭਉ, ਤਪਤਾਉ ਅਤੇ ਭਾਉ ਦੀ ਮਿਲਵੀਂ ਸੱਚੀ ਟਕਸਾਲ ਵਿਚ ਗੁਰ ਸ਼ਬਦ ਦੀ ਮੋਹਰ ਘੜੀ ਜਾਂਦੀ ਹੈ, (ਭਾਵ ਜਿਸ ਉੱਚੀ ਆਤਮਕ ਅਵਸਥਾ ਵਿਚ ਕੋਈ ਸ਼ਬਦ ਗੁਰੂ ਨੇ ਉਚਾਰਿਆ ਹੈ, ਸਿੱਖ ਨੂੰ ਭੀ ਉਹ ਸ਼ਬਦ ਉਸੇ ਅਵਸਥਾ ਵਿਚ ਲੈ ਅੱਪੜਦਾ ਹੈ, (ਕੂੜ ਦੀ ਪਾਲਿ ਤੋੜ ਦੇਂਦਾ ਹੈ) ਜੇ ਜਤ ਧੀਰਜ ਆਦਿਕ ਵਾਲਾ ਜੀਵਨ ਬਣ ਜਾਏ। ਟਕਸਾਲ-ਉਹ ਥਾਂ ਜਿੱਥੇ ਸਰਕਾਰੀ ਰੁਪਏ ਆਦਿਕ ਸਿੱਕੇ ਘੜੀਦੇ ਹਨ।

ਅਰਥ:- (ਜੇ) ਅਕਾਲ ਪੁਰਖ ਦਾ ਡਰ ਧੌਂਕਣੀ (ਹੋਵੇ), ਘਾਲ-ਕਮਾਈ ਅੱਗ (ਹੋਵੇ), ਪ੍ਰੇਮ ਕੁਠਾਲੀ ਹੋਵੇ, ਤਾਂ (ਹੇ ਭਾਈ!) ਉਸ (ਕੁਠਾਲੀ) ਵਿਚ ਅਕਾਲ ਪੁਰਖ ਦਾ ਅੰਮ੍ਰਿਤ ਨਾਮ ਗਲਾਵੋ, (ਕਿਉਂਕਿ ਇਹੋ ਜਿਹੀ ਹੀ) ਸੱਚੀ ਟਕਸਾਲ ਵਿਚ (ਗੁਰੂ ਦਾ) ਸ਼ਬਦ ਘੜਿਆ ਜਾਂਦਾ ਹੈ।

## ਜਿਨ ਕਉ ਨਦਰਿ ਕਰਮੁ ਤਿਨ ਕਾਰ ॥ ਨਾਨਕ ਨਦਰੀ ਨਦਰਿਨਿਹਾਲ ॥੩੮॥ {ਪੰਨਾ 8}

ਪਦਅਰਥ:- ਜਿਨ ਕਉ-ਜਿਨ੍ਹਾਂ ਮਨੁੱਖਾਂ ਉੱਤੇ। ਨਦਰਿ-ਮਿਹਰ ਦੀ ਨਜ਼ਰ। ਕਰਮੁ-ਬਖ਼ਸ਼ਸ਼। ਤਿਨ ਕਾਰ-ਉਹਨਾਂ ਮਨੁੱਖਾਂ ਦੀ ਹੀ ਇਹ ਕਾਰ ਹੈ, (ਭਾਵ, ਉਹ ਮਨੁੱਖ ਇਹ ਉੱਪਰ ਦੱਸੀ ਟਕਸਾਲ ਤਿਆਰ ਕਰਕੇ ਸ਼ਬਦ ਦੀ ਘਾੜਤ ਘੜਦੇ ਹਨ)। ਨਿਹਾਲ-ਪਰਸੰਨ, ਖ਼ੁਸ਼, ਅਨੰਦ। ਨਦਰੀ-ਮਿਹਰ ਦੀ ਨਜ਼ਰ ਵਾਲਾ ਪ੍ਰਭੂ।

ਅਰਥ:- ਇਹ ਕਾਰ ਉਹਨਾਂ ਮਨੁੱਖਾਂ ਦੀ ਹੈ, ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਹੁੰਦੀ ਹੈ, ਜਿੰਨ੍ਹਾਂ ਉੱਤੇ ਬਖ਼ਸ਼ਸ਼ ਹੁੰਦੀ ਹੈ। ਹੇ ਨਾਨਕ! ਉਹ ਮਨੁੱਖ ਅਕਾਲ ਪੁਰਖ ਦੀ ਕ੍ਰਿਪਾ-ਦ੍ਰਿਸ਼ਟੀ ਨਾਲ ਨਿਹਾਲ ਹੋ ਜਾਂਦਾ ਹੈ। 38।

ਭਾਵ:- ਪਰ ਇਹ ਉੱਚੀ ਆਤਮਕ ਅਵਸਥਾ ਤਦੋਂ ਹੀ ਬਣ ਸਕਦੀ ਹੈ ਜੇ ਆਚਰਨ ਪਵਿੱਤਰ ਹੋਵੇ, ਦੂਜਿਆਂ ਦੀ ਵਧੀਕੀ ਸਹਾਰਨ ਦਾ ਹੌਂਸਲਾ ਹੋਵੇ , ਉੱਚੀ ਤੇ ਵਿਸ਼ਾਲ ਸਮਝ ਹੋਵੇ, ਪ੍ਰਭੂ ਦਾ ਡਰ ਹਿਰਦੇ ਵਿਚ ਟਿਕਿਆ ਰਹੇ , ਸੇਵਾ ਦੀ ਘਾਲ ਘਾਲੀ ਜਾਏ ਖ਼ਾਲਕ ਤੇ ਖ਼ਲਕ ਦਾ ਪਿਆਰ ਦਿਲ ਵਿਚ ਹੋਵੇ। ਇਹ ਜਤ, ਧੀਰਜ, ਮਤ, ਗਿਆਨ, ਭਉ, ਘਾਲ ਅਤੇ ਪ੍ਰੇਮ ਦੇ ਗੁਣ ਇਕ ਸੱਚੀ ਟਕਸਾਲ ਹੈ ਜਿਸ ਵਿਚ ਗੁਰ ਸ਼ਬਦ ਦੀ ਮੋਹਰ ਘੜੀ ਜਾਂਦੀ ਹੈ (ਭਾਵ, ਜਿਸ ਉੱਚੀ ਆਤਮਕ ਅਵਸਥਾ ਵਿਚ ਕੋਈ ਸ਼ਬਦ ਸਤਿਗੁਰੂ ਨੇ ਉਚਾਰਿਆ ਹੈ, ਉੱਪਰ-ਦੱਸੇ ਜੀਵਨ ਵਾਲੇ ਸਿੱਖ ਨੂੰ ਭੀ ਉਹ ਸ਼ਬਦ ਉਸੇ ਆਤਮਕ ਅਵਸਥਾ ਵਿਚ ਲੈ ਅੱਪੜਦਾ ਹੈ)। 38।